# ਪ੍ਰਧਾਨ ਮੰਤਰੀ ਦੁਆਰਾ ਦੱਖਣੀ ਅਫਰੀਕਾ ਅਤੇ ਗ੍ਰੀਸ ਦਾ ਦੌਰਾ (22-25 ਅਗਸਤ, 2023)

18 ਅਗਸਤ, 2023

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ 22-24 ਅਗਸਤ, 2023 ਤੱਕ ਦੱਖਣੀ ਅਫਰੀਕਾ ਗਣਰਾਜ ਦੇ ਰਾਸ਼ਟਰਪਤੀ ਮਿਸਟਰ ਮਤਾਮੇਲਾ ਸਿਰਿਲ ਰਾਮਾਫੋਸਾ ਦੇ ਸੱਦੇ 'ਤੇ 15ਵੇਂ ਬ੍ਰਿਕਸ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਦੱਖਣੀ ਅਫ਼ਰੀਕਾ ਦੇ ਜੋਹਾਨਸਬਰਗ ਦਾ ਦੌਰਾ ਕਰਨਗੇ।

2. 2019 ਤੋਂ ਬਾਅਦ ਇਹ ਪਹਿਲਾ ਵਿਅਕਤੀਗਤ ਬ੍ਰਿਕਸ ਸੰਮੇਲਨ ਹੋਵੇਗਾ। ਸੰਮੇਲਨ ਗਰੁੱਪਿੰਗ ਦੁਆਰਾ ਸ਼ੁਰੂ ਕੀਤੀਆਂ ਪਹਿਲਕਦਮੀਆਂ ਦੀ ਪ੍ਰਗਤੀ ਦੀ ਸਮੀਖਿਆ ਕਰਨ ਦਾ ਮੌਕਾ ਪ੍ਰਦਾਨ ਕਰੇਗਾ ਅਤੇ ਸਰਗਰਮੀਆਂ ਲਈ ਭਵਿੱਖ ਦੇ ਖੇਤਰਾਂ ਦੀ ਪਛਾਣ ਕਰੇਗਾ।

3. ਪ੍ਰਧਾਨ ਮੰਤਰੀ ਬ੍ਰਿਕਸ ਸੰਮੇਲਨ ਤੋਂ ਬਾਅਦ ਆਯੋਜਿਤ ਕੀਤੇ ਜਾ ਰਹੇ ਇੱਕ ਵਿਸ਼ੇਸ਼ ਪ੍ਰੋਗਰਾਮ "ਬ੍ਰਿਕਸ – ਅਫਰੀਕਾ ਆਊਟਰੀਚ ਅਤੇ ਬ੍ਰਿਕਸ ਪਲੱਸ ਡਾਇਲਾਗ" ਵਿੱਚ ਵੀ ਹਿੱਸਾ ਲੈਣਗੇ, ਜਿਸ ਵਿੱਚ ਦੱਖਣੀ ਅਫਰੀਕਾ ਦੁਆਰਾ ਸੱਦੇ ਗਏ ਹੋਰ ਦੇਸ਼ ਵੀ ਸ਼ਾਮਲ ਹੋਣਗੇ।

4. ਆਪਣੀ ਯਾਤਰਾ ਦੌਰਾਨ ਪ੍ਰਧਾਨ ਮੰਤਰੀ ਜੋਹਾਨਸਬਰਗ ਵਿੱਚ ਮੌਜੂਦ ਕੁਝ ਨੇਤਾਵਾਂ ਨਾਲ ਦੁਵੱਲੀ ਬੈਠਕ ਵੀ ਕਰਨਗੇ।

5. ਪ੍ਰਧਾਨ ਮੰਤਰੀ ਦੱਖਣੀ ਅਫਰੀਕਾ ਦੀ ਆਪਣੀ ਫੇਰੀ ਤੋਂ ਬਾਅਦ 25 ਅਗਸਤ 2023 ਨੂੰ ਗ੍ਰੀਸ ਦੇ ਪ੍ਰਧਾਨ ਮੰਤਰੀ ਮਿਸਟਰ ਕਿਰੀਆਕੋਸ ਮਿਤਸੋਟਾਕਿਸ ਦੇ ਸੱਦੇ 'ਤੇ ਗ੍ਰੀਸ ਦਾ ਸਰਕਾਰੀ ਦੌਰਾ ਕਰਨਗੇ। 40 ਸਾਲਾਂ ਵਿੱਚ ਕਿਸੇ ਭਾਰਤੀ ਪ੍ਰਧਾਨ ਮੰਤਰੀ ਦੁਆਰਾ ਗ੍ਰੀਸ ਦੀ ਇਹ ਪਹਿਲੀ ਫੇਰੀ ਹੋਵੇਗੀ।

6. ਭਾਰਤ ਅਤੇ ਗ੍ਰੀਸ ਸਭਿਅਤਾ ਦੇ ਸਬੰਧਾਂ ਦਾ ਆਨੰਦ ਮਾਣਦੇ ਹਨ, ਜੋ ਕਿ ਸਮੁੰਦਰੀ ਆਵਾਜਾਈ, ਰੱਖਿਆ, ਵਪਾਰ ਅਤੇ ਨਿਵੇਸ਼ ਸਮੇਤ ਲੋਕਾਂ ਨਾਲ ਲੋਕਾਂ ਦੇ ਸਬੰਧਾਂ ਵਰਗੇ ਖੇਤਰਾਂ ਵਿੱਚ ਸਹਿਯੋਗ ਸਦਕਾ ਹਾਲ ਹੀ ਦੇ ਸਾਲਾਂ ਵਿੱਚ ਪੁਖ਼ਤਾ ਹੋਏ ਹਨ। ਪ੍ਰਧਾਨ ਮੰਤਰੀ ਆਪਸੀ ਸਬੰਧਾਂ ਨੂੰ ਹੋਰ ਡੂੰਘਾ ਕਰਨ ਦੇ ਤਰੀਕਿਆਂ ਬਾਰੇ ਚਰਚਾ ਕਰਨ ਲਈ ਪ੍ਰਧਾਨ ਮੰਤਰੀ ਮਿਤਸੋਟਾਕਿਸ ਨਾਲ ਗੱਲਬਾਤ ਕਰਨਗੇ। ਉਹ ਦੋਵਾਂ ਦੇਸ਼ਾਂ ਦੇ ਵਪਾਰਕ ਨੇਤਾਵਾਂ ਸਮੇਤ ਗ੍ਰੀਸ ਵਿੱਚ ਭਾਰਤੀ ਭਾਈਚਾਰੇ ਨਾਲ ਵੀ ਮੁਲਾਕਾਤ ਕਰਨਗੇ।

**ਨਵੀਂ ਦਿੱਲੀ**
**18 ਅਗਸਤ, 2023**